Dispatch No. : I/18206/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਡਾ. ਭੀਮ ਰਾਓ ਅੰਬੇਦਕਰ ਜੀ ਨੂੰ ਜਨਮ ਦਿਵਸ ਤੇ ਸ਼ਰਧਾਜ਼ਲੀਆਂ ਭੇਂਟ

ਡਾ. ਅੰਬੇਦਕਰ ਜੀ ਨੇ ਸਮਾਜ ਦੇ ਹਰ ਵਰਗ ਨੂੰ ਸੰਵਿਧਾਨ ਵਿੱਚ ਬਰਾਬਰ ਦਾ ਅਧਿਕਾਰ ਦਿੱਤਾ- ਤਰਸੇਮ ਚੰਦ

ਫਰੀਦਕੋਟ 14 ਅਪ੍ਰੈਲ ( ) ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾ. ਭੀਮ ਰਾਓ ਅੰਬੇਦਕਰ ਜੀ ਦੇ 129ਵੇਂ ਜਨਮ ਦਿਨ ਮੌਕੇ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਉਨ੍ਹਾਂ ਨੂੰ ਸ਼ਰਧਾਜ਼ਲੀਆਂ ਭੇਂਟ ਕੀਤੀਆਂ ਗਈਆਂ । ਇਸ ਮੌਕੇ ਸਹਾਇਕ ਕਮਿਸ਼ਨਰ ਜਨਰਲ ਸ੍ਰੀ ਤਰਸੇਮ ਚੰਦ ਪੀ.ਸੀ.ਐਸ. ਨੇ ਬਾਬਾ ਸਾਹਿਬ ਦੇ ਬੁੱਤ ਤੇ ਫੁੱਲ ਮਾਲਾਵਾਂ ਭੇਂਟ ਕੀਤੀਆਂ ਅਤੇ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ।

ਸਹਾਇਕ ਕਮਿਸ਼ਨਰ ਸ੍ਰੀ ਤਰਸੇਮ ਚੰਦ ਨੇ ਕਿਹਾ ਕਿ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਦਕਰ ਨੇ ਜਿੱਥੇ ਭਾਰਤੀ ਸੰਵਿਧਾਨ ਨੂੰ ਬਣਾਉਣ ਵਿੱਚ ਵੱਡਮੁੱਲਾ ਯੋਗਦਾਨ ਪਾਇਆ ਉੱਥੇ ਹੀ ਉਨ੍ਹਾਂ ਨੇ ਦੇਸ਼ ਅੰਦਰ ਲੋਕਾਂ ਨੂੰ ਸਮਾਜਿਕ ਬਰਾਬਰਤਾ ਅਤੇ ਆਪਸੀ ਭਾਈਚਾਰੇ ਦਾ ਵੀ ਸੰਦੇਸ਼ ਦਿੱਤਾ। ਉਨ੍ਹਾਂ ਵੱਲੋਂ ਸੰਵਿਧਾਨ ਦੀ ਰਚਨਾ ਕਰਕੇ ਸਾਰਿਆਂ ਨੂੰ ਬਰਾਬਰਤਾ ਦਾ ਅਧਿਕਾਰ ਦੇ ਕੇ ਦੇਸ਼ ਨੂੰ ਲੋਕਤੰਤਰਿਕ ਲੀਹਾਂ ਤੇ ਤੋਰਿਆ ਅਤੇ ਸਮਾਜ ਦੇ ਹਰ ਵਰਗ ਨੂੰ ਸੰਵਿਧਾਨ ਅਨੁਸਾਰ ਅੱਗੇ ਵੱਧਣ ਦਾ ਮੌਕਾ ਮਿਲਦਾ ਹੈ। ਉਨਾਂ ਕਿਹਾ ਕਿ ਬਾਬਾ ਸਾਹਿਬ ਜੀ ਦੇ ਗਰੀਬਾਂ, ਜ਼ਰੂਰਤਮੰਦਾਂ ਅਤੇ ਆਮ ਨਾਗਰਿਕਾਂ ਲਈ ਕੀਤੇ ਗਏ ਕਾਰਜਾਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ।ਉਨ੍ਹਾਂ ਕਿਹਾ ਕਿ ਡਾ. ਅੰਬੇਦਕਰ ਜੀ ਵੱਲੋਂ ਦਰਸਾਏ ਰਸਤੇ ਤੇ ਚੱਲਣਾ ਹੀ ਉਨ੍ਹਾਂ ਨੂੰ ਸੱਚੀਂ ਸ਼ਰਧਾਜ਼ਲੀ ਹੋਵੇਗੀ।

**Dispatch No. :** I/18238/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਕੇਂਦਰ ਵੱਲੋਂ ਖੇਤੀਬਾੜੀ ਜਿਨਸਾ, ਖਾਦ, ਬੀਜ, ਪੈਸਟੀਸਾਈਡ ਆਦਿ ਦੀ ਸਪਲਾਈ ਲਈ ਕਾਲ ਸੈਂਟਰ ਸਥਾਪਤ-ਡੀ.ਸੀ.

ਟਰੱਕ ਡਰਾਈਵਰ, ਵਪਾਰੀ, ਟਰਾਂਸਪੋਰਟਰ ਟੋਲ ਫਰੀ ਨੰ: 18001804200 ਜਾਂ 14488 ਤੇ ਕਰ ਸਕਦੇ ਹਨ ਸੰਪਰਕ

ਫਰੀਦਕੋਟ 14 ਅਪ੍ਰੈਲ ( ) ਭਾਰਤ ਸਰਕਾਰ ਦੇ ਖੇਤੀਬਾੜੀ ਵਿਭਾਗ ਵੱਲੋਂ ਕੇਂਦਰ ਤੇ ਰਾਜਾਂ ਵਿਚਕਾਰ ਲਾਕਡਾਊਨ/ਕਰਫਿਊ ਦੌਰਾਨ ਅੰਤਰਰਾਜੀ ਆਵਾਜਾਈ ਲਈ ਤਾਲਮੇਲ ਸਥਾਪਤ ਕਰਨ, ਫਲ, ਸਬਜ਼ੀਆਂ, ਖੇਤੀਬਾੜੀ ਨਾਲ ਸਬੰਧਤ ਸਮਾਨ ਜਿਵੇ ਕਿ ਬੀਜ, ਖਾਦਾਂ, ਪੈਸਟੀਸਾਈਡ ਆਦਿ ਦੀ ਨਿਰਵਿਘਨ ਸਪਲਾਈ ਲਈ ਰਾਸ਼ਟਰੀ ਪੱਧਰ ਤੇ 'ਐਗਰੀ ਟਰਾਂਸਪੋਰਟ ਕਾਲ ਸੈਂਟਰ' ਦੀ ਸਥਾਪਨਾ ਕੀਤੀ ਹੈ, ਜਿਸ ਦੇ ਟੋਲ ਫਰੀ ਨੰ: 18001804200 ਅਤੇ 14488 ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਨੇ ਦੱਸਿਆ ਕਿ ਇਨ੍ਹਾਂ ਟੋਲ ਫਰੀ ਨੰਬਰਾਂ ਤੇ ਕਿਸੇ ਵੀ ਮੋਬਾਇਲ, ਲੈਂਡਲਾਈਨ ਨੰਬਰ ਤੋਂ ਗੱਲ ਕੀਤੀ ਜਾ ਸਕਦੀ ਹੈ।

ਉਨ੍ਹਾਂ ਕਿਹਾ ਕਿ ਕੋਈ ਵੀ ਟਰੱਕ ਡਰਾਈਵਰ, ਵਪਾਰੀ, ਰਿਟੇਲਰ, ਟਰਾਂਸਪੋਰਟਰ ਜਾਂ ਕੋਈ ਵੀ ਇਸ ਕਾਰੋਬਾਰ ਨਾਲ ਜੁੜਿਆ ਹੋਵੇ, ਅੰਤਰ-ਰਾਜੀ ਆਵਾਜਾਈ ਸਬੰਧੀ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਲਈ ਇਨ੍ਹਾਂ ਟੋਲ ਫਰੀ ਨੰਬਰਾਂ (ਕਾਲ ਸੈਂਟਰ) ਤੇ ਗੱਲ ਕਰ ਸਕਦਾ ਹੈ। ਕਾਲ ਸੈਂਟਰ ਵੱਲੋਂ ਸਬੰਧਤ ਕਾਲ ਦੇ ਹੱਲ ਲਈ ਵਹੀਕਲ ਦਾ ਨੰਬਰ ਅਤੇ ਹੋਰ ਜਾਣਕਾਰੀ ਸਬੰਧਤ ਰਾਜ ਨੂੰ ਭੇਜੀ ਜਾਵੇਗੀ ਤੇ ਸਮੱਸਿਆ ਦਾ ਨਿਪਟਾਰਾ ਕਰਵਾਏਗਾ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਲਈ ਰਾਸ਼ਟਰੀ ਪੱਧਰ ਦੇ ਐਗਰੀ ਟਰਾਂਸਪੋਰਟ ਕਾਲ ਸੈਂਟਰ ਤੇ ਸੰਪਰਕ ਕਰਨ।

**Dispatch No. :** I/18233/2020

ਦਫ਼ਤਰ ਜਿਲ੍ਹਾ ਲੋਕ ਸੰਪਰਕ ਫਰੀਦਕੋਟ

ਜ਼ਿਲ੍ਹੇ ਵਿੱਚ ਸੈਨੇਟਾਈਜ਼ੇਸ਼ਨ ਮੁਹਿੰਮ ਜ਼ੋਰਾਂ 'ਤੇ- ਡਿਪਟੀ ਕਮਿਸ਼ਨਰ

ਵੱਖ-ਵੱਖ ਥਾਵਾਂ ਨੂੰ ਕੀਤਾ ਜਾ ਰਿਹਾ ਹੈ ਸੈਨੇਟਾਈਜ਼

ਕਰੋਨਾ ਵਾਇਰਸ ਨੂੰ ਠੱਲ੍ਹ ਪਾਉਣ ਲਈ ਸਰਕਾਰ ਨੂੰ ਪੂਰਨ ਸਹਿਯੋਗ ਦੇਣ ਲੋਕ

ਫਰੀਦਕੋਟ 14 ਅਪ੍ਰੈਲ ( ) ਕਰੋਨਾ ਵਾਇਰਸ ਤੋਂ ਬਚਾਅ ਲਈ ਸਰਕਾਰ ਵੱਲੋਂ ਵੱਖ-ਵੱਖ ਕਦਮ ਚੁੱਕੇ ਜਾ ਰਹੇ ਹਨ ਤੇ ਇਨ੍ਹਾਂ ਕਦਮਾਂ ਦੀ ਲੜੀ ਤਹਿਤ ਜ਼ਿਲ੍ਹੇ ਵਿੱਚ ਵਿਸ਼ੇਸ਼ ਸੈਨੇਟਾਈਜ਼ੇਸ਼ਨ ਮੁਹਿੰਮ ਚਲਾਈ ਜਾ ਰਹੀ ਹੈ ਇਸੇ ਲੜੀ ਤਹਿਤ ਪਿੰਡਾਂ ਦੀਆਂ ਪੰਚਾਇਤਾਂ ਵੱਲੋਂ ਪਿੰਡਾਂ ਨੂੰ ਵੀ ਸੈਨੇਟਾਈਜ਼ ਕੀਤਾ ਜਾ ਰਿਹਾ ਹੈ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਫਰੀਦਕੋਟ ਨੇ ਦੱਸਿਆ ਕਿ ਹੁਣ ਤੱਕ ਫਰੀਦਕੋਟ ਸ਼ਹਿਰ ਨੂੰ ਦੋ ਵਾਰ ਸੈਨੇਟਾਈਜ਼ ਕੀਤਾ ਜਾ ਚੁੱਕਾ ਹੈ। ਉਨ੍ਹਾਂ ਕਿਹਾ ਮੌਜੂਦਾ ਹਾਲਾਤ ਦੇ ਮੱਦੇਨਜ਼ਰ ਜੋ ਵੀ ਫੈਸਲੇ ਲਏ ਜਾ ਰਹੇ ਹਨ, ਉਹ ਲੋਕਾਂ ਦੀ ਭਲਾਈ ਲਈ ਹੀ ਲਏ ਜਾ ਰਹੇ ਹਨ, ਜਿਨ੍ਹਾਂ ਸਬੰਧੀ ਲੋਕਾਂ ਵੱਲੋਂ ਪ੍ਰਸ਼ਾਸਨ ਨੂੰ ਪੂਰਨ ਸਹਿਯੋਗ ਦਿੱਤਾ ਜਾਵੇ ਤਾਂ ਜੋ ਕਰੋਨਾ ਨਾਮਕ ਗੰਭੀਰ ਬਿਮਾਰੀ ਦੇ ਫੈਲਾਅ ਨੂੰ ਰੋਕਿਆ ਜਾ ਸਕੇ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਬਿਮਾਰੀ ਤੋਂ ਬਚਾਅ ਦੇ ਮੱਦੇਨਜ਼ਰ ਵਿਸ਼ੇਸ਼ ਸੈਨੇਟਾਈਜ਼ੇਸ਼ਨ ਮੁਹਿੰਮ ਚਲਾ ਕੇ ਵੱਖ-ਵੱਖ ਥਾਵਾਂ ਨੂੰ ਸੈਨੇਟਾਈਜ਼ ਕੀਤਾ ਜਾ ਰਿਹਾ ਹੈ ਅਤੇ ਵੱਖ-ਵੱਖ ਸੰਚਾਰ ਸਾਧਨਾਂ ਰਾਹੀਂ ਲੋਕਾਂ ਨੂੰ ਕੋਰੋਨਾ ਵਾਇਰਸ ਤੋ ਬਚਾਅ ਸਬੰਧੀ ਵੱਧ ਤੋਂ ਵੱਧ ਸਾਫ ਸਫਾਈ ਰੱਖਣ ਲਈ ਵੀ ਪ੍ਰੇਰਿਆ ਜਾ ਰਿਹਾ ਹੈ। ਸ੍ਰੀ ਕੁਮਾਰ ਸੌਰਭ ਰਾਜ ਲੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਛੋਟੇ ਬੱਚਿਆਂ ਅਤੇ ਬਜ਼ੁਰਗਾਂ ਦਾ ਖਾਸ ਖਿਆਲ ਰੱਖਿਆ ਜਾਵੇ ਅਤੇ ਆਪਣੇ ਹੱਥਾਂ ਨੂੰ ਵਾਰ-ਵਾਰ ਸਾਬਣ ਅਤੇ ਪਾਣੀ ਨਾਲ ਧੋਇਆ ਜਾਵੇ। ਖੰਘ ਜਾਂ ਛਿੱਕਣ ਸਮੇਂ ਆਪਣਾ ਮੂੰਹ ਅਤੇ ਨੱਕ ਰੁਮਾਲ ਨਾਲ ਢੱਕਿਆ ਜਾਵੇ ਕਿਉਂਕਿ ਇਹ ਬਿਮਾਰੀ ਇੱਕ ਪੀੜਤ ਵਿਅਕਤੀ ਤੋਂ ਤੰਦਰੁਸਤ ਵਿਅਕਤੀ ਨੂੰ ਥੁੱਕਣ ਰਾਹੀਂ ਫੈਲਦੀ ਹੈ। ਇਸ ਲਈ ਫਲੂ ਵਰਗੇ ਲੱਛਣਾਂ ਵਾਲੇ ਵਿਅਕਤੀ ਤੋਂ ਇੱਕ ਮੀਟਰ ਦੀ ਦੂਰੀ ਬਣਾ ਕੇ ਰੱਖੀ ਜਾਵੇ। ਕਿਸੇ ਵੀ ਵਿਅਕਤੀ ਨਾਲ ਹੱਥ ਨਾ ਮਿਲਾਇਆ ਜਾਵੇ।

ਇਸ ਮੌਕੇ ਚੀਫ਼ ਸੈਕਟਰੀ ਇੰਸਪੈਕਟਰ ਹਰਵਿੰਦਰ ਸਿੰਘ ਭੁੱਲਰ ਨੇ ਦੱਸਿਆ ਕਿ ਫਰੀਦਕੋਟ ਸ਼ਹਿਰ ਨੂੰ ਤੀਸਰੇ ਰਾਊਂਡ ਵਿਚ ਜਿਹੜੀਆਂ ਥਾਵਾਂ ਰਹਿ ਗਈਆਂ ਹਨ, ਉਨ੍ਹਾਂ ਤੇ ਛਿੜਕਾਅ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਕੱਲ ਮਿਤੀ 15-04-2020 ਤੋਂ ਸ਼ਹਿਰ ਨੂੰ ਵਾਰਡ ਵਾਈਜ਼ ਸੈਨੇਟਾਈਜ਼ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਹੁਣ ਨਗਰ ਕੌਂਸਲ ਵੱਲੋਂ 4 ਹੋਰ ਮੋਟਰ ਪੰਪ ਮੰਗਵਾਏ ਗਏ ਹਨ, ਜਿਸ ਨਾਲ ਸੈਨੇਟਾਈਜ਼ ਕਰਨ ਵਿਚ ਹੋਰ ਸਹੂਲਤ ਮਿਲੇਗੀ। ਉਨ੍ਹਾਂ ਹੋਰ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਜਿਹੜ ਖੇਤਰ ਸੀਲ ਕੀਤੇ ਗਏ ਹਨ, ਉਨ੍ਹਾਂ ਦੇ ਘਰ ਦਾ ਕੂੜਾ ਵੱਖਰੇ ਤੌਰ ਤੇ ਇਕੱਠਾ ਕਰਕੇ ਦਬਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸਫਾਈ-ਸੇਵਕ ਆਮ ਦੀ ਤਰ੍ਹਾਂ ਘਰ-ਘਰ ਤੋਂ ਕੂੜਾ ਇਕੱਠਾ ਕਰ ਰਹੇ ਹਨ ਅਤੇ ਉਨ੍ਹਾਂ ਦੀ ਸੁਰੱਖਿਆ ਲਈ ਉਨ੍ਹਾਂ ਨੂੰ ਸੈਨੇਟਾਈਜ਼ਰ, ਸਾਬਣ ਆਦਿ ਸਮਾਨ ਦੀ ਵੰਡ ਕੀਤੀ ਗਈ ਤਾਂ ਕਿ ਉਹ ਆਪਣੀ ਸਿਹਤ ਦਾ ਵੀ ਖਿਆਲ ਰੱਖ ਸਕਣ।